# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਭਾਰਤ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਇਤਿਹਾਸਕ ਆਜ਼ਾਦ ਵਪਾਰ ਸਮਝੌਤੇ 'ਤੇ ਦਸਤਖਤ ।

- SYL ਨਹਿਰ ਦੇ ਮੁੱਦੇ 'ਤੇ ਚਰਚਾ ਲਈ ਪੰਜਾਬ ਅਤੇ ਹਰਿਆਣਾ ਵਿਚਕਾਰ ਅੱਜ ਚੰਡੀਗੜ੍ਹ ਵਿਖੇ ਮੀਟਿੰਗ ਹੋਈ।

- ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ ਪੰਜਾਬੀ-ਫਸਟ ਐਜੂਕੇਸ਼ਨ, ਰਿਸਰਚ ਐਂਡ ਗਵਰਨੈਂਸ ਨੀਤੀ 2026 ਨੂੰ ਮਨਜ਼ੂਰੀ ਦੇ ਦਿੱਤੀ ਏ ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਨਾਰਕੋ-ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ 4 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ.

- ਭਾਰਤੀ ਮੌਸਮ ਵਿਭਾਗ (IMD) ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕਿਸੇ – ਕਿਸੇ ਥਾਂ 'ਤੇ ਸੀਤ ਲਹਿਰ ਦੀ ਸਥਿਤੀ ਦੀ ਪੇਸ਼ੀਨਗੋਈ ਕੀਤੀ ਏ.

### *ਹੁਣ ਖਬਰਾਂ ਵਿਸਥਾਰ ਨਾਲ*

ਭਾਰਤ ਅਤੇ ਯੂਰਪੀਅਨ ਯੂਨੀਅਨ ਨੇ ਅੱਜ ਇੱਕ ਮੁਕਤ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦਿੱਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਯੂਰਪੀਅਨ ਕੌਂਸਲ ਦੇ ਪ੍ਰਧਾਨ ਐਂਟੋਨੀਓ ਕੋਸਟਾ ਅਤੇ ਯੂਰਪੀਅਨ ਕਮਿਸ਼ਨ ਦੇ ਪ੍ਰਧਾਨ ਉਰਸੁਲਾ ਫੋਨ ਡੇਰ ਲੇਅਨ ਵਿਚਕਾਰ ਨਵੀਂ ਦਿੱਲੀ ਵਿੱਚ ਵਫ਼ਦ-ਪੱਧਰੀ ਗੱਲਬਾਤ ਹੋਈ । ਭਾਰਤ ਅਤੇ ਯੂਰਪੀਅਨ ਯੂਨੀਅਨ ਨੇ ਵਪਾਰ, ਸੁਰੱਖਿਆ, ਰੱਖਿਆ ਭਾਈਵਾਲੀ, ਆਵਾਜਾਈ, ਆਫ਼ਤ ਸਮੇਂ ਜੋਖਮ ਪ੍ਰਤੀ ਪ੍ਰਬੰਧ ਅਤੇ ਚੁਗਿਰਦੇ ਪਖੀ ਹਾਈਡ੍ਰੋਜਨ ਸਮੇਤ ਸੱਤ ਸਮਝੌਤਿਆਂ 'ਤੇ ਦਸਤਖਤ ਕੀਤੇ। ਇਸ ਮੌਕੇ 'ਤੇ, ਪ੍ਰਧਾਨ

ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਾਰਤ-ਯੂਰਪੀ ਯੂਨੀਅਨ ਸਬੰਧ ਮਜ਼ਬੂਤ ਹੋਏ ਨੇ ਅਤੇ ਨਵੀਆਂ ਉਚਾਈਆਂ 'ਤੇ ਪਹੁੰਚ ਗਏ ਨੇ. ਓਹਨਾਂ ਇਹ ਵੀ ਕਿਹਾ ਕਿ ਇਹ ਮੁਕਤ ਵਪਾਰ ਸਮਝੌਤਾ ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾਏਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਸਿਰਫ਼ ਇੱਕ ਵਪਾਰ ਸਮਝੌਤਾ ਨਹੀਂ ਸਗੋਂ ਸਾਂਝੀ ਖੁਸ਼ਹਾਲੀ ਲਈ ਇੱਕ ਨਵਾਂ ਬਲੂਪ੍ਰਿੰਟ ਏ –

byte

ਪ੍ਰਧਾਨ ਮੰਤਰੀ ਨੇ ਇਹ ਵੀ ਦੱਸਿਆ ਕਿ ਕਿਵੇਂ ਇਹ ਸਮਝੌਤਾ ਸਾਡੇ ਕਿਸਾਨਾਂ ਤੇ ਹੋਰਨਾਂ ਲਈ ਵੀ ਲਾਭਕਾਰੀ ਹੋਏਗਾ –

byte

---------------------------------------------------------------------------

SYL ਨਹਿਰ ਦੇ ਮੁੱਦੇ 'ਤੇ ਚਰਚਾ ਲਈ ਪੰਜਾਬ ਅਤੇ ਹਰਿਆਣਾ ਵਿਚਕਾਰ ਅੱਜ ਚੰਡੀਗੜ੍ਹ ਵਿਖੇ ਮੀਟਿੰਗ ਹੋਈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੇ ਹਰਿਆਣਾ ਦੇ ਹਮਰੁਤਬਾ ਨਾਇਬ ਸਿੰਘ ਸੈਣੀ ਨੇ, ਚਿਰਾਂ ਤੋਂ ਚਲ ਰਹੇ ਸਤਲੁਜ-ਯਮੁਨਾ ਲਿੰਕ ਨਹਿਰ ਦੇ ਮੁੱਦੇ 'ਤੇ ਚਰਚਾ ਕਰਨ ਲਈ ਵਫ਼ਦਾਂ ਦੀ ਅਗਵਾਈ ਕੀਤੀ। ਹਰਿਆਣਾ ਦੇ ਕੈਬਨਿਟ ਮੰਤਰੀ ਸ਼ਰੂਤੀ ਚੌਧਰੀ ਤੇ ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਵੀ ਇਨ੍ਹਾਂ ਵਫਦਾਂ ਵਿਚ ਸ਼ਾਮਿਲ ਸਨ। ਮੀਟਿੰਗ ਤੋਂ

ਬਾਅਦ ਪੰਜਾਬ ਦੇ ਮੁੱਖ ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ...

Byte

SYL ਨਹਿਰ ਕੱਢਣ ਦਾ ਮੰਤਵ ਦੋਵਾਂ ਰਾਜਾਂ ਵਿਚਕਾਰ ਰਾਵੀ ਅਤੇ ਬਿਆਸ ਦਰਿਆਵਾਂ ਦੇ ਪਾਣੀ ਦੀ ਪ੍ਰਭਾਵਸ਼ਾਲੀ ਵੰਡ ਕਰਨਾ ਸੀ। ਇਸ ਪ੍ਰੋਜੈਕਟ ਤਹਿਤ 214 ਕਿਲੋਮੀਟਰ ਨਹਿਰ ਬਣਾਈ ਜਾਣੀ ਸੀ, ਜਿਸ ਵਿੱਚੋਂ 122 ਕਿਲੋਮੀਟਰ ਦਾ ਹਿੱਸਾ ਪੰਜਾਬ ਵਿੱਚ ਅਤੇ ਬਾਕੀ 92 ਕਿਲੋਮੀਟਰ ਦਾ ਹਿੱਸਾ ਹਰਿਆਣਾ ਵਿੱਚ ਬਣਾਇਆ ਜਾਣਾ ਸੀ।

-----------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ ਪੰਜਾਬੀ-ਫਸਟ ਐਜੂਕੇਸ਼ਨ, ਰਿਸਰਚ ਐਂਡ ਗਵਰਨੈਂਸ ਨੀਤੀ 2026 ਨੂੰ ਮਨਜ਼ੂਰੀ ਦੇ ਦਿੱਤੀ ਏ। ਇਸ ਨੀਤੀ ਤਹਿਤ ਹੁਣ ਪੀਐੱਚਡੀ ਥੀਸਿਸ, ਡਿਸਰਟੇਸ਼ਨ, ਪ੍ਰੋਜੈਕਟ ਰਿਪੋਰਟਾਂ ਅਤੇ ਫੰਡ ਵਾਲੀ ਖੋਜ ਨੂੰ ਅੰਗਰੇਜ਼ੀ (ਜਾਂ ਮੁੱਖ ਅਕਾਦਮਿਕ ਭਾਸ਼ਾ) ਦੇ ਨਾਲ ਨਾਲ ਪੰਜਾਬੀ (ਗੁਰਮੁਖੀ ਲਿਪੀ) ਵਿੱਚ ਵੀ ਜ਼ਰੂਰ ਜਮ੍ਹਾਂ ਕਰਨਾ ਹੋਏਗਾ. ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਇਸ ਨੂੰ “ਇਤਿਹਾਸਕ ਅਤੇ ਲੋਕਾਂ ਨਾਲ ਜੁੜਿਆ ਹੋਇਆ ਵੱਡਾ ਕਦਮ” ਦੱਸਦਿਆਂ ਕਿਹਾ ਕਿ ਪੰਜਾਬ ਵਿੱਚ ਬਣਨ ਵਾਲੀ ਜਾਣਕਾਰੀ ਨੂੰ ਸਿਰਫ਼ ਵੱਡੇ-ਵੱਡੇ ਅਕਾਦਮਿਕ ਵਿਅਕਤੀਆਂ ਤੱਕ

ਜਾਂ ਅੰਗਰੇਜ਼ੀ ਦੀ ਬੰਦਿਸ਼ ਵਿੱਚ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਕਿਹਾ ਕਿ, "ਇਸ ਨਾਲ ਪੰਜਾਬੀ ਬੋਲਣ ਵਾਲੇ ਵਿਦਿਆਰਥੀ, ਅਧਿਆਪਕ, ਮਾਪੇ, ਨੀਤੀ ਬਣਾਉਣ ਵਾਲੇ ਅਤੇ ਆਮ ਲੋਕ ਵੀ ਖੋਜ ਦੇ ਨਤੀਜਿਆਂ ਨੂੰ ਆਸਾਨੀ ਨਾਲ ਸਮਝ ਸਕਣਗੇ। ਇਹ ਸਿੱਖਿਆ ਵਿੱਚ ਸਮਾਨਤਾ, ਸ਼ਮੂਲੀਅਤ ਅਤੇ ਆਪਣੀ ਭਾਸ਼ਾ ਪ੍ਰਤੀ ਮਾਣ ਵਧਾਉਣ ਵਾਲਾ ਕਦਮ ਏ, ਪਰ ਗੁਣਵਤਾ ਵਿੱਚ ਕੋਈ ਕਮੀ ਨਹੀਂ ਆਵੇਗੀ।" ਉਹਨਾਂ ਦੱਸਿਆ ਕਿ ਇਹ ਨੀਤੀ ਅਗਲੇ ਅਕਾਦਮਿਕ ਸੈਸ਼ਨ ਤੋਂ ਲਾਗੂ ਹੋ ਜਾਵੇਗੀ।

---------------------------------------------------

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਨਾਰਕੋ-ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ 4 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ. ਉਨ੍ਹਾਂ ਦੇ ਕਬਜ਼ੇ ਵਿੱਚੋਂ 34 ਜ਼ਿੰਦਾ ਕਾਰਤੂਸਾਂ ਸਮੇਤ ਦੋ ਆਧੁਨਿਕ ਪਿਸਤੌਲ, ਡੇਢ ਕਿਲੋ ਹੈਰੋਇਨ ਅਤੇ ਲਗਭਗ 2 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ । ਪੁਲਿਸ ਹਲਕਿਆਂ ਨੇ ਖੁਲਾਸਾ ਕੀਤਾ ਏ ਕਿ ਮੁਲਜ਼ਮ ਆਪਣੇ ਵਿਦੇਸ਼ੀ ਹੈਂਡਲਰਾਂ ਨਾਲ ਸਰਗਰਮ ਗੰਢਤੁਪ ਕਰ ਰਹੇ ਸਨ ਅਤੇ ਨਾਲ ਹੀ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ ਤਾਂ ਜੋ ਪੰਜਾਬ ਦੇ ਵੱਖ-ਵੱਖ ਥਾਵਾਂ 'ਤੇ ਸਪਲਾਈ

ਕਰਨ ਲਈ ਗੈਰ-ਕਾਨੂੰਨੀ ਹਥਿਆਰਾਂ ਅਤੇ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕੀਤੀਆਂ ਜਾ ਸਕਣ। ਅਗਲੇਰੀ ਜਾਂਚ ਜਾਰੀ ਏ.

-----------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਏ ਕਿ ਪਹਿਲੀ ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ। ਇਸ ਸਾਲ ਪਹਿਲੀ ਫਰਵਰੀ ਤੋਂ ਪ੍ਰੋਗਰਾਮ ਅਤੇ ਸਮਾਗਮ ਸ਼ੁਰੂ ਕੀਤੇ ਜਾਣਗੇ ਜਿਹੜੇ ਕਿ 2027 ਤੱਕ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਭਰੋਸਾ ਜਤਾਇਆ ਕਿ ਗੁਰੂ ਰਵਿਦਾਸ ਜੀ ਦੇ ਵਿਰਸੇ ਦੀ ਢੁਕਵੀਂ ਯਾਦਗਾਰ ਬਣਾਈ ਜਾਵੇਗੀ।

-----------------------------------------------------

ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਅੱਜ ਬੇਹਦ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਸ ਸਬੰਧ ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਬਾਬਾ ਦੀਪ ਸਿੰਘ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ਼ਹੀਦਗੰਜ ਬਾਬਾ ਦੀਪ ਸਿੰਘ ਜੀ ਵਿਖੇ ਵਿਸ਼ੇਸ਼ ਸਮਾਗਮ ਕਰਾਏ ਜਾ ਰਹੇ ਨੇ. ਇਸ ਮੌਕੇ ਅੱਜ ਸਵੇਰੇ 9 ਵਜੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ. ਉਪਰੰਤ ਸਵੇਰ ਤੋਂ ਲੈ ਕੇ ਦੇਰ ਰਾਤ ਤੱਕ ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਜਾ ਰਹੇ ਨੇ ਜਿਨ੍ਹਾਂ ਵਿਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜੱਥੇ ਸੰਗਤਾਂ ਨੂੰ ਗੁਰੂ ਇਤਿਹਾਸ

ਨਾਲ ਜੋੜ ਰਹੇ ਨੇ । ਇਸ ਸਬੰਧ ਚ ਸ਼੍ਰੋਮਣੀ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਖ਼ਾਸ ਤਿਆਰੀਆਂ ਕੀਤੀਆਂ ਗਈਆਂ ਨੇ. ਗੁਰਦੁਆਰਾ ਸ਼ਹੀਦਗੰਜ ਬਾਬਾ ਦੀਪ ਸਿੰਘ ਜੀ ਨੂੰ ਅਨੇਕਾਂ ਕਿਸਮਾਂ ਦੇ ਫੁੱਲਾਂ ਨਾਲ ਵਿਸ਼ੇਸ਼ ਤੌਰ ਤੇ ਸਜਾਇਆ ਗਿਆ ਏ । ਅੱਜ ਸ਼ਾਮ ਵੇਲੇ ਸ਼ਹੀਦਾਂ ਸਾਹਿਬ ਵਿਖੇ ਅਤਿ ਸੁੰਦਰ ਦੀਪਮਾਲਾ ਕੀਤੀ ਜਾ ਰਹੀ ਏ.

-----------------------------------------------------------

ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਨੇ ਯੂਨੀਵਰਸਲ ਬਿਜ਼ਨਸ ਸਕੂਲ (ਯੂ.ਬੀ.ਐਸ.), ਸਿਡਨੀ, ਆਸਟ੍ਰੇਲੀਆ ਨਾਲ ਹਾਲ ਹੀ ਵਿੱਚ ਦਸਤਖਤ ਕੀਤੇ ਗਏ ਸਹਿਮਤੀ ਪੱਤਰ 'ਤੇ ਇੱਕ ਰਾਬਤੇ ਵਾਲਾ ਸੈਸ਼ਨ ਕਰਾਇਆ. ਇਸਦਾ ਉਦੇਸ਼ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਇਸ ਸਹਿਮਤੀ ਪੱਤਰ ਤੋਂ ਜਾਣੂ ਕਰਵਾਉਣਾ ਸੀ। ਇਸ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਚੁਗਿਰਦਾ ਪ੍ਰੇਮੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਅਕਾਦਮਿਕ ਗੱਲਬਾਤ ਸੈਸ਼ਨ ਵਿੱਚ ਸਹਿਮਤੀ ਪੱਤਰ ਦੀਆਂ ਸਕਾਰਾਤਮਕ ਅਤੇ ਲਾਭਦਾਇਕ ਸੰਭਾਵਨਾਵਾਂ 'ਤੇ ਚਰਚਾ ਕੀਤੀ ਗਈ ।

-------------------------------------------------------

ਮਾਨਸਾ ਨੇੜਲੇ ਪਿੰਡ ਖਿਆਲਾ ਕਲਾਂ ਵਿਖੇ ਇੱਕ ਸੜਕ ਦੁਰਘਟਨਾ ਵਿੱਚ ਪਤੀ—ਪਤਨੀ ਸਮੇਤ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ ਏ। ਹਾਦਸੇ ਦੌਰਾਨ ਜਖ਼ਮੀ ਹੋਏ ਲੋਕਾਂ ਨੂੰ ਹਸਪਤਾਲ ਦਾਖਿਲ ਕਰਾਇਆ ਗਿਆ ਏ. ਮਿਲੇ ਵੇਰਵਿਆਂ ਮੁਤਾਬਿਕ ਇਹ ਹਾਦਸਾ ਦੋ ਸਵਿਫ਼ਟ ਕਾਰਾਂ ਦੀ ਆਹਮੋ—ਸਾਹਮਣੇ ਦੀ ਟੱਕਰ ਦੌਰਾਨ ਵਾਪਰਿਆ। ਇਹ ਟੱਕਰ ਐਨੀ ਭਿਆਨਕ ਸੀ ਕਿ ਇਸ ਹਾਦਸੇ ਵਿੱਚ ਤਿੰਨ ਜਣਿਆਂ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ। ਸਰਕਾਰੀ ਹਸਪਤਾਲ ਦੇ SMO, ਗੁਰਮੇਲ ਸਿੰਘ ਨੇ ਦੱਸਿਆ ਏ ਕਿ ਮ੍ਰਿਤਕਾਂ ਦੀ ਪਛਾਣ ਉਪਕਾਰ ਸਿੰਘ ਵਾਸੀ ਰਤੀਆ (ਹਰਿਆਣਾ) ਅਤੇ ਉਸਦੀ ਪਤਨੀ ਸੁਪਿੰਦਰ ਕੌਰ ਵਜੋਂ ਹੋਈ ਏ। ਜਦੋਂ ਕਿ ਤੀਜਾ ਵਿਅਕਤੀ ਪਿੰਡ ਖਿਆਲਾ ਕਲਾਂ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਏ।

-------------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕਿਸੇ – ਕਿਸੇ ਥਾਂ 'ਤੇ ਸੀਤ ਲਹਿਰ ਦੀ ਸਥਿਤੀ ਦੀ ਪੇਸ਼ੀਨਗੋਈ ਕੀਤੀ ਏ. ਅੱਜ ਸਵੇਰ ਤੋਂ ਜਲੰਧਰ, ਸਮੇਤ ਸੂਬੇ ਦੇ ਵਖ – ਵਖ ਜ਼ਿਲਿਆਂ ਵਿਚ ਹਲਕੀ ਬਾਰਿਸ਼ ਪੈ ਰਹੀ ਏ.

ਮੌਸਮ ਵਿਭਾਗ ਨੇ ਸੰਗਰੂਰ, ਪਟਿਆਲਾ, ਡੇਰਾਬੱਸੀ, ਮੁਹਾਲੀ ਅਤੇ ਇਹਨਾਂ ਦੇ ਨਾਲ ਲੱਗਦੇ ਸ਼ਹਿਰਾਂ ਵਿੱਚ ਗੜੇ ਪੈਣ ਦੀ ਸੰਭਾਵਨਾ ਜਤਾਈ ਏ ਜਦਕਿ ਚੰਡੀਗੜ੍ਹ ਸਮੇਤ ਲੁਧਿਆਣਾ, ਰੂਪਨਗਰ, ਫਿਰੋਜ਼ਪੁਰ, ਕਪੂਰਥਲਾ, ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਅਤੇ ਇਹਨਾਂ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਬਿਜਲੀ ਲਿਸ਼ਕਣ ਤੇ 40 ਤੋਂ 50 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

---

- ਭਾਰਤ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਇਤਿਹਾਸਕ ਆਜ਼ਾਦ ਵਪਾਰ ਸਮਝੌਤੇ 'ਤੇ ਦਸਤਖਤ ।

- SYL ਨਹਿਰ ਦੇ ਮੁੱਦੇ 'ਤੇ ਚਰਚਾ ਲਈ ਪੰਜਾਬ ਅਤੇ ਹਰਿਆਣਾ ਵਿਚਕਾਰ ਅੱਜ ਚੰਡੀਗੜ੍ਹ ਵਿਖੇ ਮੀਟਿੰਗ ਹੋਈ।

- ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ ਪੰਜਾਬੀ-ਫਸਟ ਐਜੂਕੇਸ਼ਨ, ਰਿਸਰਚ ਐਂਡ ਗਵਰਨੈਂਸ ਨੀਤੀ 2026 ਨੂੰ ਮਨਜ਼ੂਰੀ ਦੇ ਦਿੱਤੀ ਏ ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਨਾਰਕੋ-ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ 4 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ.

- ਭਾਰਤੀ ਮੌਸਮ ਵਿਭਾਗ (IMD) ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕਿਸੇ – ਕਿਸੇ ਥਾਂ 'ਤੇ ਸੀਤ ਲਹਿਰ ਦੀ ਸਥਿਤੀ ਦੀ ਪੇਸ਼ੀਨਗੋਈ ਕੀਤੀ ਏ.

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**